ਮਾਰੂ ਮਹਲਾ ੫ ॥ ਜਿਨੀ ਨਾਮੁ ਵਿਸਾਰਿਆ ਸੇ ਹੋਤ ਦੇਖੇ ਖੇਹ ॥ ਪੁਤ੍ਰ ਮਿਤ੍ਰ ਬਿਲਾਸ ਬਨਿਤਾ ਤੂਟਤੇ ਏ ਨੇਹ ॥੧॥ ਮੇਰੇ ਮਨ ਨਾਮੁ ਨਿਤ ਨਿਤ ਲੇਹ ॥ ਜਲਤ ਨਾਹੀ ਅਗਨਿ ਸਾਗਰ ਸੂਖੁ ਮਨਿ ਤਨਿ ਦੇਹ ॥੧॥ ਰਹਾਉ ॥ ਬਿਰਖ ਛਾਇਆ ਜੈਸੇ ਬਿਨਸਤ ਪਵਨ ਝੂਲਤ ਮੇਹ ॥ ਹਰਿ ਭਗਤਿ ਦ੍ਰਿੜੁ ਮਿਲੁ ਸਾਧ ਨਾਨਕ ਤੇਰੈ ਕਾਮਿ ਆਵਤ ਏਹ ॥੨॥੨॥੨੫॥ {ਪੰਨਾ 1006}

ਪਦਅਰਥ:- ਸੇ—ਉਹ {ਬਹੁ-ਵਚਨ}। ਹੋਤ ਦੇਖੇ ਖੇਹ—ਖੇਹ ਹੋਤ ਦੇਖੇ, ਸੁਆਹ ਹੁੰਦੇ ਵੇਖੇ ਜਾਂਦੇ ਹਨ, ਵਿਕਾਰਾਂ ਦੀ ਅੱਗ ਦੇ ਸਮੁੰਦਰ ਵਿਚ ਸੜ ਕੇ ਸੁਆਹ ਹੁੰਦੇ ਵੇਖੇ ਜਾਂਦੇ ਹਨ। ਬਿਲਾਸ—ਰੰਗ-ਰਲੀਆਂ। ਬਨਿਤਾ—ਇਸਤ੍ਰੀ। ਏ ਨੇਹ—ਇਹ ਸਾਰੇ ਪਿਆਰ।1।

ਮਨ—ਹੇ ਮਨ! ਨਿਤ ਨਿਤ—ਸਦਾ ਹੀ। ਜਲਤ ਨਾਹੀ—ਸੜਦਾ ਨਹੀਂ। ਅਗਨਿ ਸਾਗਰ—ਤ੍ਰਿਸ਼ਨਾ ਦੀ ਅੱਗ ਦਾ ਸਮੁੰਦਰ। ਮਨਿ—ਮਨ ਵਿਚ। ਤਨਿ—ਤਨ ਵਿਚ। ਦੇਹ—ਸਰੀਰ।1। ਰਹਾਉ।

ਬਿਰਖ—ਰੁੱਖ। ਛਾਇਆ—ਛਾਂ। ਪਵਨ—ਹਵਾ। ਮੇਹ—ਮੇਘ, ਬੱਦਲ। ਝੂਲਤ—ਉਡਾ ਕੇ ਲੈ ਜਾਂਦੀ ਹੈ। ਦ੍ਰਿੜੁ—ਹਿਰਦੇ ਵਿਚ ਪੱਕੀ ਕਰ। ਮਿਲੁ ਸਾਧ—ਗੁਰੂ ਨੂੰ ਮਿਲ। ਤੇਰੈ ਕਾਮਿ—ਤੇਰੇ ਕੰਮ ਵਿਚ। ਏਹ—ਇਹ ਭਗਤੀ ਹੀ।2।

ਅਰਥ:- ਹੇ ਮੇਰੇ ਮਨ! ਸਦਾ ਹੀ ਪਰਮਾਤਮਾ ਦਾ ਨਾਮ ਜਪਿਆ ਕਰ। (ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਹ ਤ੍ਰਿਸ਼ਨਾ ਦੀ) ਅੱਗ ਦੇ ਸਮੁੰਦਰਾਂ ਵਿਚ ਸੜਦਾ ਨਹੀਂ, ਉਸ ਦੇ ਮਨ ਵਿਚ ਤਨ ਵਿਚ ਦੇਹੀ ਵਿਚ ਸੁਖ-ਆਨੰਦ ਬਣਿਆ ਰਹਿੰਦਾ ਹੈ।1। ਰਹਾਉ।

(ਹੇ ਮੇਰੇ ਮਨ!) ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ, ਉਹ (ਵਿਕਾਰਾਂ ਦੀ ਅੱਗ ਦੇ ਸਮੁੰਦਰ ਵਿਚ ਸੜ ਕੇ) ਸੁਆਹ ਹੁੰਦੇ ਵੇਖੇ ਜਾਂਦੇ ਹਨ। ਪੁੱਤਰ, ਮਿੱਤਰ, ਇਸਤ੍ਰੀ (ਆਦਿਕ ਸਨਬੰਧੀ ਜਿਨ੍ਹਾਂ ਨਾਲ ਮਨੁੱਖ ਦੁਨੀਆ ਦੀਆਂ) ਰੰਗ-ਰਲੀਆਂ (ਮਾਣਦਾ ਹੈ)—ਇਹ ਸਾਰੇ ਪਿਆਰ (ਆਖ਼ਿਰ) ਟੁੱਟ ਜਾਂਦੇ ਹਨ।1।

ਹੇ ਨਾਨਕ! (ਆਖ—ਹੇ ਭਾਈ!) ਜਿਵੇਂ ਰੁੱਖ ਦੀ ਛਾਂ ਨਾਸ ਹੋ ਜਾਂਦੀ ਹੈ, (ਛੇਤੀ ਬਦਲਦੀ ਜਾਂਦੀ ਹੈ) ਜਿਵੇਂ ਹਵਾ ਬੱਦਲਾਂ ਨੂੰ ਉਡਾ ਕੇ ਲੈ ਜਾਂਦੀ ਹੈ (ਤੇ ਉਹਨਾਂ ਦੀ ਛਾਂ ਮੁੱਕ ਜਾਂਦੀ ਹੈ ਇਸੇ ਤਰ੍ਹਾਂ ਦੁਨੀਆ ਦੇ ਬਿਲਾਸ ਨਾਸਵੰਤ ਹਨ)। ਹੇ ਭਾਈ! ਗੁਰੂ ਨੂੰ ਮਿਲ ਅਤੇ ਆਪਣੇ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਪੱਕੀ ਕਰ। ਇਹੀ ਤੇਰੇ ਕੰਮ ਆਉਣ ਵਾਲੀ ਹੈ।2। 2। 25।